**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਇੰਦਰਪਾਲ ਸਿੰਘ, (82888-84774)
ਪੁੱਤਰ ਸ਼੍ਰੀ ਪ੍ਰਿਤਪਾਲ ਸਿੰਘ,
ਵਾਸੀ ਇੰਦਰਜ ਬੇਕਰ, ਨੇੜੇ ਬਸ ਸਟੈਂਡ,ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਟੀ ,ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਟੀ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 1251/2019**

**ਹਾਜ਼ਰ:-** 1) ਸ਼੍ਰੀ ਇੰਦਰਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 08-07-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਮਿਤੀ 03-01-2019 ਨੂੰ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਮੰਗੀ ਗਈ ਜਾਣਕਾਰੀ ਕਾਰਵਾਈ ਅਧੀਨ ਹੈ ਅਤੇ ਮਿਤੀ 02-04-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:4484/ਐਸ-1/991-18/ ਆਰ.ਟੀ.ਆਈ. ਸੈੱਲ, ਮਿਤੀ 21-06-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ 13-12-2018 ਨੂੰ ਅਪੀਲ ਕਰਨ ਤੱਕ ਉੱਤਰਦਾਤਾ ਵੱਲੋਂ ਕੋਈ ਵੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਸੀ। ਇਸ ਤਰ੍ਹਾਂ ਅਪੀਲਕਰਤਾ ਵੱਲੋਂ ਕਿਹਾ ਗਿਆ ਸੀ ਕਿ ਸੂਚਨਾ ਅਧੂਰੀ ਅਤੇ ਦੇਰੀ ਨਾਲ ਦੇਣ ਕਾਰਨ ਲੋਕ ਸੂਚਨਾ ਅਧਿਕਾਰੀ ਵਿਰੁੱਧ ਠੋਸ ਕਾਰਵਾਈ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅਪੀਲਕਰਤਾ ਨੂੰ ਸੂਚਨਾ ਦੇਰੀ ਨਾਲ ਦਿੱਤੇ ਜਾਣ ਬਾਰੇ ਸਥਿਤੀ ਸਪੱਸ਼ਟ ਕਰਨ ਲਈ ਸਮੇਂ ਦੀ ਮੰਗ ਕੀਤੀ ਸੀ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 29-07-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਜ਼ੋ ਸੂਚਨਾ ਉਸ ਨੂੰ ਦਿੱਤੀ ਗਈ ਹੈ, ਉਹ ਵੀ ਦੇਰੀ ਨਾਲ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬੁਢਲਾਡਾ,
ਜ਼ਿਲ੍ਹਾ ਮਾਨਸਾ। -----ਉੱਤਰਦਾਤਾ

**ਅਪੀਲ ਕੇਸ ਨੰ:1334/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 07-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਆਪਣੇ ਪੱਤਰ ਨੰ:370/ਆਰ.ਟੀ.ਆਈ., ਮਿਤੀ 14-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:33/ਆਰ.ਟੀ.ਆਈ., ਮਿਤੀ 16-01-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਦਫ਼ਤਰ ਵਿੱਚ ਸੂਚਨਾ ਉਪਲਬਧ ਨਾ ਹੋਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਦਫ਼ਤਰ ਵਿੱਚ ਸੂਚਨਾ ਉਪਲਬਧ ਨਾ ਹੋਣ ਅਤੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 29 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ,
ਜ਼ਿਲ੍ਹਾ ਮਾਨਸਾ। -----ਉੱਤਰਦਾਤਾ

**ਅਪੀਲ ਕੇਸ ਨੰ:1335/2019**

**ਹਾਜ਼ਰ:-** 1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਸੁਨੀਲ ਕੁਮਾਰ, ਕਲਰਕ (97803-09426)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 31-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ । ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਸੁਨੀਲ ਕੁਮਾਰ, ਕਲਰਕ ਨੇ ਪੱਤਰ ਨੰ:329/ਪੇਸ਼ੀ , ਮਿਤੀ 22-07-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਮੰਗੀ ਗਈ ਸੂਚਨਾ ਬਾਰੇ ਸਪੱਸ਼ਟੀਕਰਣ ਮੰਗਿਆ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵੱਲੋਂ ਆਰ.ਟੀ.ਆਈ.ਅਰਜ਼ੀ ਰਾਹੀਂ ਮੰਗੀ ਗਈ ਸੂਚਨਾ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 29 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਆਸ਼ੂ ਮਿਤੱਲ, ਐਡਵੋਕੇਟ,
ਪੁੱਤਰ ਸ਼੍ਰੀ ਖਜ਼ਾਨਚੀ ਲਾਲ,
ਮਾਰਫਤ ਚੈਂਬਰ ਨੰ: 8 (ਪੁਰਾਣਾ),
ਜ਼ਿਲ੍ਹਾ ਅਦਾਲਤਾਂ, ਫਰੀਦਕੋਟ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ ਮੈਡੀਕਲ ਸਿੱਖਿਆ ਭਵਨ, ਮੁਹਾਲੀ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:354/2019**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਗਤਾਰ ਸਿੰਘ, (98556-16263)।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਜਗਤਾਰ ਸਿੰਘ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 21-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਫੇਸ-7,
ਐਸ.ਏ.ਐਸ. ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:3094/2018**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (7887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਸੁਨੀਤਾ ਅੱਤਰੀ ਵੱਲੋਂ ਮੋਬਾਇਲ ਨੰ:98150-99996 ਤੇ ਮਿਤੀ 16-05-2018 ਨੂੰ ਪੁਸ਼ਪਿੰਦਰ ਸ਼ਰਮਾ ਅਤੇ ਹੋਰਨਾਂ ਵਿਰੁੱਧ ਕੀਤੀ ਗਈ ਸ਼ਿਕਾਇਤ ਨੰ:1333175, ਮਿਤੀ 16-05-2019 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਹਾਜ਼ਰ ਹੋ ਕੇ ਪੱਤਰ ਨੰ:3094/ਆਰ.ਟੀ.ਆਈ., ਮਿਤੀ 27-07-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 01-06-2018 ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2305/ਆਰ.ਟੀ.ਆਈ., ਮਿਤੀ 08-08-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਸ਼ਿਕਾਇਤ ਸੀ.ਏ.ਡਬਲਿਯੂ.ਐਂਡ ਸੀ.ਸੈੱਲ ਪਾਸ ਪੜਤਾਲ ਅਧੀਨ ਸੀ। ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਕਰਨ ਤੋਂ ਬਾਅਦ ਫਿਰ ਪੱਤਰ ਨੰ:229/ਐਫ.ਏ./ਆਰ.ਟੀ.ਆਈ., ਮਿਤੀ 21-08-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਮੰਗੀ ਗਈ ਸੂਚਨਾ ਨਾਲ ਸਬੰਧਤ ਸ਼ਿਕਾਇਤ ਸੀ.ਏ.ਡਬਲਿਯੂ.ਐਂਡ ਸੀ.ਸੈੱਲ ਪਾਸ ਪੜਤਾਲ ਅਧੀਨ ਹੈ ਜਿਸ ਕਰਕੇ ਮੰਗੀ ਗਈ ਸੂਚਨਾ ਆਰ.ਟੀ.ਆਈ. ਐਕਟ 2005 ਦੀ ਧਾਰਾ 8(1) ਐੱਚ ਤਹਿਤ ਦਸਤਾਵੇਜ਼ੀ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਉਪਰੰਤ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਅਪੀਲ ਦਾਇਰ ਕਰਨ ਤੋਂ ਬਾਅਦ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3094/ ਆਰ.ਟੀ.ਆਈ., ਮਿਤੀ 24-11-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3094/2018**

ਸੂਚਨਾ ਸਬੰਧੀ ਰਿਕਾਰਡ ਵਧੀਕ ਡਾਇਰੈਕਟਰ ਜਨਰਲ,ਪੁਲਿਸ, ਐਨ.ਆਰ.ਆਈ ਵਿੰਗ, ਐਸ.ਏ.ਐਸ. ਨਗਰ ਨੂੰ ਇੰਨਕੁਆਰੀ ਵਾਸਤੇ ਭੇਜਿਆ ਗਿਆ ਸੀ।ਇਸ ਤਰ੍ਹਾਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਵਧੀਕ ਡਾਇਰੈਕਟਰ ਜਨਰਲ,ਪੁਲਿਸ, ਐਨ.ਆਰ.ਆਈ ਵਿੰਗ, ਐਸ.ਏ.ਐਸ. ਨਗਰ ਨੂੰ ਇੰਨਕੁਆਰੀ ਵਾਸਤੇ ਭੇਜਿਆ ਹੋਇਆ ਹੈ ਅਤੇ ਉਨ੍ਹਾਂ ਵੱਲੋਂ ਇੰਨਕੁਆਰੀ ਕੀਤੀ ਜਾ ਰਹੀ ਹੈ।

3. ਆਰ.ਟੀ.ਆਈ. ਐਕਟ, 2005 ਤਹਿਤ ਲੋਕ ਸੂਚਨਾ ਅਧਿਕਾਰੀ ਵੱਲੋਂ ਆਰ.ਟੀ.ਆਈ. ਅਰਜ਼ੀ ਪ੍ਰਾਪਤ ਕਰਨ ਸਮੇਂ ਉਸ ਦੇ ਰਿਕਾਰਡ ਵਿੱਚ ਮੌਜੂਦ ਸੂਚਨਾ ਹੀ ਬਿਨੈਕਾਰ ਨੂੰ ਮੁਹੱਈਆ ਕਰਾਉਣੀ ਹੁੰਦੀ ਹੈ ਅਤੇ ਕਿਸੇ ਮਾਮਲੇ ਦੀ ਪੜਤਾਲ ਨੂੰ ਮੁਕੰਮਲ ਕਰਾਉਣ ਬਾਰੇ ਕੋਈ ਕਾਰਵਾਈ ਨਹੀਂ ਕੀਤੀ ਜਾਣੀ ਬਣਦੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਕੀਤੀ ਜਾ ਰਹੀ ਕਾਰਵਾਈ ਬਾਰੇ ਸਮੇਂ-ਸਮੇਂ ਤੇ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਂਦਾ ਰਿਹਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਉਂਦੇ ਹੋਏ ਇਹ ਵੀ ਪਾਇਆ ਗਿਆ ਹੈ ਕਿ ਇਸ ਜਵਾਬ ਦੀ ਕਾਪੀ ਅਪੀਲਕਰਤਾ ਨੂੰ ਨਹੀਂ ਭੇਜੀ ਗਈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਜਵਾਬ ਦੀ ਇੱਕ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 29 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਫੇਸ-7,
ਐਸ.ਏ.ਐਸ. ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:3381/2018**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (7887-41866)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਸੁਨੀਤਾ ਅੱਤਰੀ ਵੱਲੋਂ ਮਿਤੀ 16-05-2018 ਨੂੰ ਸਹੁਰਾ ਪਰਿਵਾਰ ਵਿਰੁੱਧ ਕੀਤੀ ਗਈ ਸ਼ਿਕਾਇਤ ਨੰ:1333175, ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਹਾਜ਼ਰ ਹੋ ਕੇ ਪੱਤਰ ਨੰ:3381/ਆਰ.ਟੀ.ਆਈ., ਮਿਤੀ 27-07-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 02-07-2018 ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2504/ਆਰ.ਟੀ.ਆਈ., ਮਿਤੀ 08-08-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਸ਼ਿਕਾਇਤ ਸੀ.ਏ.ਡਬਲਿਯੂ.ਐਂਡ ਸੀ.ਸੈੱਲ ਪਾਸ ਪੜਤਾਲ ਅਧੀਨ ਸੀ। ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਕਰਨ ਤੋਂ ਬਾਅਦ ਫਿਰ ਪੱਤਰ ਨੰ:229/ਐਫ.ਏ./ਆਰ.ਟੀ.ਆਈ., ਮਿਤੀ 21-08-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਮੰਗੀ ਗਈ ਸੂਚਨਾ ਨਾਲ ਸਬੰਧਤ ਸ਼ਿਕਾਇਤ ਸੀ.ਏ.ਡਬਲਿਯੂ.ਐਂਡ ਸੀ.ਸੈੱਲ ਪਾਸ ਪੜਤਾਲ ਅਧੀਨ ਹੈ ਜਿਸ ਕਰਕੇ ਮੰਗੀ ਗਈ ਸੂਚਨਾ ਆਰ.ਟੀ.ਆਈ. ਐਕਟ 2005 ਦੀ ਧਾਰਾ 8(1) ਐਚ ਤਹਿਤ ਦਸਤਾਵੇਜ਼ੀ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਉਪਰੰਤ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਅਪੀਲ ਦਾਇਰ ਕਰਨ ਤੋਂ ਬਾਅਦ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3381/ ਆਰ.ਟੀ.ਆਈ., ਮਿਤੀ 18-11-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3381/2018**

ਸੂਚਨਾ ਸਬੰਧੀ ਰਿਕਾਰਡ ਵਧੀਕ ਡਾਇਰੈਕਟਰ ਜਨਰਲ,ਪੁਲਿਸ, ਐਨ.ਆਰ.ਆਈ ਵਿੰਗ, ਐਸ.ਏ.ਐਸ. ਨਗਰ ਨੂੰ ਇੰਨਕੁਆਰੀ ਵਾਸਤੇ ਭੇਜਿਆ ਗਿਆ ਸੀ। ਇਸ ਤਰ੍ਹਾਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਰਿਕਾਰਡ ਵਧੀਕ ਡਾਇਰੈਕਟਰ ਜਨਰਲ,ਪੁਲਿਸ, ਐਨ.ਆਰ.ਆਈ ਵਿੰਗ, ਐਸ.ਏ.ਐਸ. ਨਗਰ ਨੂੰ ਇੰਨਕੁਆਰੀ ਵਾਸਤੇ ਭੇਜਿਆ ਹੋਇਆ ਹੈ ਅਤੇ ਉਨ੍ਹਾਂ ਵੱਲੋਂ ਇੰਨਕੁਆਰੀ ਕੀਤੀ ਜਾ ਰਹੀ ਹੈ।

3. ਆਰ.ਟੀ.ਆਈ. ਐਕਟ, 2005 ਤਹਿਤ ਲੋਕ ਸੂਚਨਾ ਅਧਿਕਾਰੀ ਵੱਲੋਂ ਆਰ.ਟੀ.ਆਈ. ਅਰਜ਼ੀ ਪ੍ਰਾਪਤ ਕਰਨ ਸਮੇਂ ਉਸ ਦੇ ਰਿਕਾਰਡ ਵਿੱਚ ਮੌਜੂਦ ਸੂਚਨਾ ਹੀ ਬਿਨੈਕਾਰ ਨੂੰ ਮੁਹੱਈਆ ਕਰਾਉਣੀ ਹੁੰਦੀ ਹੈ ਅਤੇ ਕਿਸੇ ਮਾਮਲੇ ਦੀ ਪੜਤਾਲ ਨੂੰ ਮੁਕੰਮਲ ਕਰਾਉਣ ਬਾਰੇ ਕੋਈ ਕਾਰਵਾਈ ਨਹੀਂ ਕੀਤੀ ਜਾਣੀ ਬਣਦੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਕੀਤੀ ਜਾ ਰਹੀ ਕਾਰਵਾਈ ਬਾਰੇ ਸਮੇਂ-ਸਮੇਂ ਤੇ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਂਦਾ ਰਿਹਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਉਂਦੇ ਹੋਏ ਇਹ ਵੀ ਪਾਇਆ ਗਿਆ ਹੈ ਕਿ ਇਸ ਜਵਾਬ ਦੀ ਕਾਪੀ ਅਪੀਲਕਰਤਾ ਨੂੰ ਨਹੀਂ ਭੇਜੀ ਗਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਜਵਾਬ ਦੀ ਇੱਕ ਕਾਪੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 29 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸ਼ਹੀਦ ਭਗਤ ਸਿੰਘ ਨਗਰ। -----ਉੱਤਰਦਾਤਾ

**ਅਪੀਲ ਕੇਸ ਨੰ:1603/2019**

**ਹਾਜ਼ਰ:-** 1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਸ਼ਰਨਜੀਤ ਸਿੰਘ, ਕਲਰਕ (95010-27909)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ । ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਸ਼ਰਨਜੀਤ ਸਿੰਘ, ਕਲਰਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਮੰਗੀ ਗਈ ਸੂਚਨਾ ਬਾਰੇ ਪੱਤਰ ਨੰ:459/ਐਮ.ਸੀ. , ਮਿਤੀ 14-01-2019 ਰਾਹੀਂ ਸਪੱਸ਼ਟੀਕਰਣ ਮੰਗਿਆ ਹੋਇਆ ਹੈ ਜੋ ਕਿ ਅਜੇ ਤੱਕ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ ਰਾਹੀਂ ਮੰਗੀ ਗਈ ਸੂਚਨਾ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲਾ, (80540-20388)
ਵਾਰਡ ਨੰ:16-ਬੀ/190 ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ, ਪੁਲਿਸ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 1624 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)।
3) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਿਸੇ ਵੀ ਕੇਸ ਜਾਂ ਅਪਰਾਧਿਕ ਮਾਮਲੇ ਵਿੱਚ ਤਪਤੀਸ਼ ਜਾਂ ਪੜਤਾਲ ਬਾਰੇ ਪੜਤਾਲੀਆ ਅਫਸਰ ਵੱਲੋ ਤਿਆਰ ਕੀਤੀ ਜਾਣ ਵਾਲੀ ਕੇਸ ਡਾਇਰੀ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25 -06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:56-ਅਪੀਲ/ਆਰ.ਟੀ.ਆਈ., ਮਿਤੀ 27-07-2019 ਪੇਸ਼ ਕਰਦੇ ਹੋਏ ਕਿਹਾ ਕਿ ਪੱਤਰ ਨੰ:104-/ਆਰ.ਟੀ.ਆਈ., ਮਿਤੀ 21-11-2018 ਰਾਹੀਂ ਅਪੀਲਕਰਤਾ ਨੂੰ ਮਿਤੀ 22-11-2018 ਨੂੰ ਰਜਿਸਟਰਡ ਡਾਕ ਦੁਆਰਾ ਨੁਕਤਾਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਸ ਦੇ ਸਬੂਤ ਵਜੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ । ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਕ ਗੋਇਲ, ਐਡਵੋਕੇਟ, (98786-81171)
ਪੁੱਤਰ ਸ਼੍ਰੀ ਅਸ਼ੋਕ ਕੁਮਾਰ,
ਵਾਸੀ ਬੈਂਕ ਸਟਰੀਟ, ਨਾਭਾ,
ਜ਼ਿਲ੍ਹਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ ਰਜਿਸਟਰਾਰ, ਭਵਾਨੀਗੜ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:1670 /2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਵਲੀਨ ਕੁਮਾਰ, ਕਲਰਕ (98882-18175)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸਬ ਰਜਿਸਟਰਾਰ, ਭਵਾਨੀਗੜ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੇਲ ਡੀਡ ਨੰ:723, ਮਿਤੀ 08-06-2007, ਸੇਲ ਡੀਡ ਨੰ:724, ਮਿਤੀ 08-06-2007 ਅਤੇ ਸੇਲ ਡੀਡ ਨੰ:1203, ਮਿਤੀ 17-08-2007 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25 -06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਲਵਲੀਨ ਕੁਮਾਰ, ਕਲਰਕ ਨੇ ਪੱਤਰ ਨੰ:326/ਆਰ.ਸੀ, ਮਿਤੀ 29-07-2019 ਰਾਹੀਂ ਕਮਿਸ਼ਨ ਨੂੰ ਸੂਚਨਾ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:265/ਆਰ.ਸੀ., ਮਿਤੀ 29-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ, ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ, ਭਾਦਸੋਂ ਰੋਡ,
ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:1673 /2019**

**ਹਾਜ਼ਰ:-** 1) ਡਾਕਟਰ ਇਕਬਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ (88722-86663) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-08-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਪੱਤਰ, ਮਿਤੀ 22-02-2018, 09-03-2018, 23-05-2018 ਅਤੇ 04-06-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੇ ਆਪਣੇ ਪੱਤਰ, ਮਿਤੀ 06-09-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.-1-ਪੰ-2019/14032-33, ਮਿਤੀ 26-07-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਕਮਿਸ਼ਨ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਸ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ, ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ, ਭਾਦਸੋਂ ਰੋਡ,
ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:1674 /2019**

**ਹਾਜ਼ਰ:-** 1) ਡਾਕਟਰ ਇਕਬਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ (88722-86663) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-08-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਰੀ-ਡੈਜਿਗਨੇਸ਼ਨ/ਤਰੱਕੀ ਬਾਰੇ ਮਿਤੀ 22-06-2018 ਨੂੰ ਸਕੱਤਰ ਕੋਲ ਹੋਈ ਨਿੱਜੀ ਸੁਣਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੇ ਆਪਣੇ ਪੱਤਰ, ਮਿਤੀ 06-09-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.-1-ਪੰ-2019/14032-33, ਮਿਤੀ 26-07-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਕਮਿਸ਼ਨ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਸ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ, ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ, ਭਾਦਸੋਂ ਰੋਡ,
ਪਟਿਆਲਾ।                                                    -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਚੰਡੀਗੜ੍ਹ।                                                    ------ਉੱਤਰਦਾਤਾ

**ਅਪੀਲ ਕੇਸ ਨੰ:1675 /2019**

**ਹਾਜ਼ਰ:-** 1) ਡਾਕਟਰ ਇਕਬਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ (88722-86663) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-08-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2008 ਤੋਂ ਲੈ ਕੇ ਸਾਲ 2018 ਤੱਕ ਮੈਡੀਕਲ ਫੈਕਲਟੀ ਦੀ ਤਰੱਕੀ ਲਈ ਵਿਭਾਗੀ ਤਰੱਕੀ ਕਮੇਟੀ ਦੀ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੇ ਆਪਣੇ ਪੱਤਰ, ਮਿਤੀ 06-09-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.-1-ਪੰ-2019/14032-33, ਮਿਤੀ 26-07-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਕਮਿਸ਼ਨ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਸ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਜੁਲਾਈ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ, ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ, ਭਾਦਸੋਂ ਰੋਡ,
ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:1676 /2019**

**ਹਾਜ਼ਰ:-** 1) ਡਾਕਟਰ ਇਕਬਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ (88722-86663) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-08-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2009 ਤੋਂ ਲੈ ਕੇ ਸਾਲ 2017 ਤੱਕ ਐਸੋਸੀਏਟ ਪ੍ਰੋਫੈਸਰਾਂ ਦੀਆਂ ਤਰੱਕੀਆਂ ਲਈ ਵਿਭਾਗੀ ਤਰੱਕੀ ਕਮੇਟੀ ਦੀ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ ਨੇ ਆਪਣੇ ਪੱਤਰ, ਮਿਤੀ 06-09-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.-1-ਪੰ-2019/14032-33, ਮਿਤੀ 26-07-2019, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਕਮਿਸ਼ਨ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਸ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:1591/2019**

**ਹਾਜ਼ਰ:-** 1) ਸ੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, ਕਲਰਕ (90417-62008)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ੍ਰੀ ਜ਼ਸਵਿੰਦਰ ਸਿੰਘ, ਕਲਰਕ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:310/ਆਰ.ਟੀ.ਆਈ., ਮਿਤੀ 09-04-2019 ਰਾਹੀਂ ਅਪੀਲਕਰਤਾ ਕੋਲੋਂ ਸਪੱਸ਼ਟੀਕਰਣ ਮੰਗਿਆ ਹੋਇਆ ਹੈ। ਅਪੀਲਕਰਤਾ ਵੱਲੋਂ ਆਰ.ਟੀ.ਆਈ.ਅਰਜ਼ੀ ਰਾਹੀਂ ਮੰਗੀ ਗਈ ਸੂਚਨਾ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 29 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।